16ਵੀਂ ਪੰਜਾਬ ਵਿਧਾਨ ਸਭਾ

ਦੂਜਾ (ਬਜਟ) ਸਮਾਗਮ, 2022

**ਪੰਜਾਬ ਵਿਧਾਨ ਸਭਾ**

**(ਵਿਧਾਨ ਸ਼ਾਖਾ)**

**ਨੰ. 10-ਐਲ.ਏ-2022/ 8148**

ਮੁੱਖ ਮੰਤਰੀ ਪਾਸੋਂ ਨੋਟਿਸ ਪ੍ਰਾਪਤ ਹੋਇਆ ਹੈ ਕਿ ਨਿਮਨਲਿਖਤ ਮਤਾ ਪੰਜਾਬ ਵਿਧਾਨ ਸਭਾ ਦੇ ਦੂਜੇ (ਬਜਟ) ਸਮਾਗਮ ਦੌਰਾਨ ਪੇਸ਼ ਕੀਤਾ ਜਾਵੇਗਾ।

"ਕੇਂਦਰ ਸਰਕਾਰ ਵੱਲੋਂ 'ਅਗਨੀਪਥ ਸਕੀਮ' ਦੇ ਇਕਤਰਫ਼ਾ ਐਲਾਨ ਕਾਰਨ ਪੰਜਾਬ ਸਮੇਤ ਸਾਰੇ ਰਾਜਾਂ ਵਿੱਚ ਵੱਡੇ ਪੱਧਰ ਉੱਤੇ ਵਿਰੋਧ ਪੈਦਾ ਹੋਇਆ ਹੈ।

ਪੰਜਾਬ ਵਿਧਾਨ ਸਭਾ ਸ਼ਿੱਦਤ ਨਾਲ ਮਹਿਸੂਸ ਕਰਦੀ ਹੈ ਕਿ ਸਿਰਫ਼ ਚਾਰ ਸਾਲਾਂ ਲਈ ਨੌਜਵਾਨਾਂ ਨੂੰ ਨੌਕਰੀਆਂ ਦੇਣ ਅਤੇ ਇਨ੍ਹਾਂ ਵਿੱਚੋਂ ਵੀ ਸਿਰਫ਼ 25 ਫ਼ੀਸਦੀ ਨੂੰ ਹੀ ਅਗਾਂਹ ਨੌਕਰੀ ਉੱਤੇ ਬਰਕਰਾਰ ਰੱਖਣ ਵਾਲੀ ਇਹ ਸਕੀਮ ਨਾ ਤਾਂ ਦੇਸ਼ ਦੀ ਜਵਾਨੀ ਅਤੇ ਨਾ ਹੀ ਕੌਮੀ ਸੁਰੱਖਿਆ ਦੇ ਹਿੱਤ ਵਿੱਚ ਹੈ। ਇਸ ਨੀਤੀ ਨਾਲ ਜੀਵਨ ਭਰ ਦੇਸ਼ ਦੇ ਹਥਿਆਰਬੰਦ ਦਸਤਿਆਂ ਵਿੱਚ ਸੇਵਾ ਕਰਨ ਦੇ ਇੱਛੁਕ ਨੌਜਵਾਨਾਂ ਵਿਚਾਲੇ ਬੇਚੈਨੀ ਪੈਦਾ ਹੋਣ ਦੀ ਸੰਭਾਵਨਾ ਹੈ।

ਇੱਥੇ ਇਹ ਜ਼ਿਕਰ ਕਰਨਾ ਜ਼ਰੂਰੀ ਹੈ ਕਿ ਦੇਸ਼ ਦੇ ਹਥਿਆਰਬੰਦ ਦਸਤਿਆਂ ਵਿੱਚ ਪੰਜਾਬ ਦੇ ਲਗਭਗ ਇੱਕ ਲੱਖ ਤੋਂ ਵੱਧ ਸੈਨਿਕ ਸੇਵਾ ਕਰ ਰਹੇ ਹਨ ਅਤੇ ਇਨ੍ਹਾਂ ਵਿੱਚੋਂ ਕਈ ਹਰੇਕ ਸਾਲ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਬਲੀਦਾਨ ਦਿੰਦੇ ਹਨ। ਆਪਣੇ ਸਾਹਸ ਤੇ ਬਹਾਦਰੀ ਲਈ ਦੁਨੀਆਂ ਭਰ ਵਿੱਚ ਜਾਣੇ ਜਾਂਦੇ ਪੰਜਾਬ ਦੇ ਨੌਜਵਾਨਾਂ ਲਈ ਭਾਰਤੀ ਹਥਿਆਰਬੰਦ ਦਸਤਿਆਂ ਵਿੱਚ ਸੇਵਾ ਕਰਨਾ ਮਾਣ ਤੇ ਸਨਮਾਨ ਦਾ ਪ੍ਰਤੀਕ ਹੈ। ਇਸ ਸਕੀਮ ਨੇ ਪੰਜਾਬ ਦੇ ਉਨ੍ਹਾਂ ਨੌਜਵਾਨਾਂ ਦੇ ਸੁਪਨਿਆਂ ਨੂੰ ਤਹਿਸ-ਨਹਿਸ ਕਰ ਦਿੱਤਾ ਹੈ, ਜਿਹੜੇ ਰੈਗੂਲਰ ਫੌਜੀ ਵਜੋਂ ਹਥਿਆਰਬੰਦ ਦਸਤਿਆਂ ਵਿੱਚ ਸ਼ਾਮਿਲ ਹੋਣਾ ਚਾਹੁੰਦੇ ਸਨ।

ਇਸ ਸਕੀਮ ਨੇ ਹਥਿਆਰਬੰਦ ਦਸਤਿਆਂ ਦੀ ਰਵਾਇਤ ਰਹੀ ਵਫ਼ਾਦਾਰੀ ਤੇ ਮਾਣ-ਸਨਮਾਨ ਦੀ ਭਾਵਨਾ ਨੂੰ ਵੀ ਕਮਜ਼ੋਰ ਕੀਤਾ ਹੈ।

ਇਹ ਸਦਨ ਰਾਜ ਸਰਕਾਰ ਨੂੰ ਕੇਂਦਰ ਸਰਕਾਰ ਨਾਲ ਅਗਨੀਪਥ ਸਕੀਮ ਨੂੰ ਤੁਰੰਤ ਵਾਪਸ ਲੈਣ ਲਈ ਮਾਮਲਾ ਉਠਾਉਣ ਦੀ ਸਿਫ਼ਾਰਸ਼ ਕਰਦਾ ਹੈ।

**ਚੰਡੀਗੜ੍ਹ:** — **ਸੁਰਿੰਦਰ ਪਾਲ,**

**29 ਜੂਨ, 2022.** — **ਸਕੱਤਰ।**

ਸੇਵਾ ਵਿੱਚ

**ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ।**

---

**ਨੰ: 10-ਐਲ ਏ-2022/ 8149 , ਮਿਤੀ ਚੰਡੀਗੜ੍ਹ, 29 ਜੂਨ, 2022**

ਕਾਪੀ ਨਿਮਨਲਿਖਤ ਨੂੰ ਸੂਚਨਾ ਲਈ ਭੇਜੀ ਜਾਂਦੀ ਹੈ:

1. ਮੁੱਖ ਸਕੱਤਰ, ਪੰਜਾਬ ਸਰਕਾਰ:
2. ਵਿਸ਼ੇਸ਼ ਮੁੱਖ ਸਕੱਤਰ, ਪੰਜਾਬ ਸਰਕਾਰ, ਸੰਸਦੀ ਮਾਮਲੇ ਵਿਭਾਗ, ਚੰਡੀਗੜ੍ਹ; ਅਤੇ
3. ਵਿਸ਼ੇਸ਼ ਮੁੱਖ ਸਕੱਤਰ, ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ, ਚੰਡੀਗੜ੍ਹ।

ਸੁਪਰਡੰਟ,

ਵਾਸਤੇ ਸਕੱਤਰ।

ਪੜਤੇ ਜੀ:-